# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

## ਵਣ ਭਵਨ, ਸੈਕਟਰ-68, ਐੱਸ.ਏ.ਐੱਸ. ਨਗਰ।

https://sssb.punjab.gov.in

**ਇਸ਼ਤਿਹਾਰ ਨੰਬਰ** 06 **ਆਫ** 2025 **ਅਸਾਮੀਆਂ ਦੀ ਗਿਣਤੀ** - 15

| ਲੜੀ ਨੰ. | ਵਿਭਾਗ ਦਾ ਨਾਮ | ਅਸਾਮੀ ਦਾ ਨਾਮ | ਅਸਾਮੀਆਂ ਦੀ ਗਿਣਤੀ |
|---|---|---|---|
| 1. | ਪੰਜਾਬ ਸਰਕਾਰ, ਦਫਤਰ ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ | Telephone Operator | 9 |
| 2. | | Work Mistry | 1 |
| 3. | | Coupon Clerk | 1 |
| 4. | | Plumber | 1 |
| 5. | | Carpenter | 1 |
| 6. | ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ (ਪੰਜਾਬ ਰਾਜ ਗੁਦਾਮ ਨਿਗਮ) | ਲੇਖਾਕਾਰ | 2 |


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 2 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 2-3 |
| 4. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 3 |
| 5. | ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ | 3-5 |
| 6. | ਉਮਰ ਸੀਮਾ | 5-6 |
| 7. | ਤਨਖਾਹ ਸਕੇਲ ਅਤੇ ਭੱਤੇ | 6-7 |
| 8. | ਫੀਸ ਸੰਬੰਧੀ ਵੇਰਵਾ | 7 |
| 9. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 7-8 |
| 10. | ਇਸ਼ਤਿਹਾਰ ਨੰ. 02 ਆਫ 2020 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼ | 8-9 |
| 11. | ਇਸ਼ਤਿਹਾਰ ਨੰ. 06 ਆਫ 2024 ਅਤੇ ਇਸ਼ਤਿਹਾਰ ਨੰ. 09 ਆਫ 2024 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼ | 9-10 |
| 12. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 10 |
| 13. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 10-11 |
| 14. | ਅਪਲਾਈ ਕਰਨ ਦੀ ਵਿਧੀ | 11-12 |
| 15. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 12-13 |

# ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

## ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।

https://sssb.punjab.gov.in

## ਜਨਤਕ ਨਿਯੁਕਤੀਆਂ

**ਮਹੱਤਵਪੂਰਨ ਮਿਤੀਆਂ:**

**ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** - **22-07-2025**

**ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** - **23-07-2025**

**ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ** - **19-08-2025 ਸ਼ਾਮ 05.00 ਵਜੇ ਤੱਕ**

**ਫੀਸ ਭਰਨ ਦੀ ਆਖਰੀ ਮਿਤੀ:** - **22-08-2025**

**1. ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗੁਰੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**2. ਵਿਸਥਾਰਪੂਰਵਕ ਸੂਚਨਾ**

ਪੰਜਾਬ ਸਰਕਾਰ, ਦਫਤਰ ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ ਅਤੇ **ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ** ਤੋਂ ਪ੍ਰਾਪਤ ਮੰਗ ਪੱਤਰਾਂ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ **ਗਰੁੱਪ-ਸੀ** ਦੀਆਂ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਯੋਗ ਉਮੀਦਵਾਰਾਂ ਤੋਂ ਮਿਤੀ **23-07-2025 ਤੋਂ 19-08-2025** ਤੱਕ ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

**3. ਅਸਾਮੀਆਂ ਦਾ ਕੈਟਾਗਿਰੀ-ਵਾਈਜ਼ ਵਰਗੀਕਰਨ ਹੇਠ ਅਨੁਸਾਰ ਹੈ:-**

**(3.1) ਵਿਭਾਗ ਦਾ ਨਾਮ:- ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਨਵੀਂ ਦਿੱਲੀ।**

| Sr. No. | Name of Posts | Category | Total No. of Posts | Post reserved for women (out of A) |
|---|---|---|---|---|
| | | | (A) | (B) |
| 01 | Work Mistry | SC (M&B) | 1 | 1 |
| 02 | Coupon Clerk | SC (M&B) | 1 | 1 |
| 03 | Plumber | SC (M&B) | 1 | 1 |
| 04 | Carpenter | SC (M&B) | 1 | 1 |
| 05 | Telephone Operator | General | 4 | 1 |
| | | SC (M&B) | 2 | 1 |
| | | SC (R&O) | 1 | - |
| | | BC | 1 | 1 |

| | | | | |
|---|---|---|---|---|
| | | Ex-servicemen General | 1 | 1 |
| | Total | | 13 | 8 |

**(3.2) ਵਿਭਾਗ ਦਾ ਨਾਮ:- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ**

| Sr. No. | Name of Posts | Category | Total No. of Posts | Post reserved for women (out of A) |
|---|---|---|---|---|
| | | | (A) | (B) |
| 01 | ਲੇਖਾਕਾਰ | General | 0 | 0 |
| | | BC | 1 | 0 |
| | | Ex-Serviceman General | 1 | 0 |
| | Total | | 2 | 0 |

**ਨੋਟ:- ਇਹ ਅਸਾਮੀਆਂ ਪੰਜਾਬ ਰਾਜ ਗੁਦਾਮ ਨਿਗਮ ਦੀਆਂ ਹਨ।**

**ਨੋਟ**: (ੳ) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ ਵਰਗੀਕਰਨ ਵਿਭਾਗਾਂ ਤੋਂ ਪ੍ਰਾਪਤ ਮੰਗ ਪੱਤਰਾਂ ਦੇ ਅਧਾਰ ਤੇ ਦਰਸਾਇਆ ਗਿਆ ਹੈ। ਜੇਕਰ ਸਬੰਧਤ ਵਿਭਾਗ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ਼ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਜਾਂ ਅਸਾਮੀਆਂ ਦੀ ਮੰਗ ਮੁਕੰਮਲ ਰੂਪ ਵਿੱਚ ਵਾਪਿਸ ਲੈਣ ਦਾ ਫੈਸਲਾ ਲੈਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲੈਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ ਭਰਤੀ ਵਿੱਚ ਸੋਧ ਕੀਤੀ ਜਾ ਸਕਦੀ ਹੈ ਜਾਂ ਇਸ਼ਤਿਹਾਰ ਨੂੰ ਮੂਲ ਰੂਪ ਵਿੱਚ ਵਾਪਿਸ ਲਿਆ ਜਾ ਸਕਦਾ ਹੈ। ਅਜਿਹੀ ਹਰ ਤਰਾਂ ਦੀ ਕਾਰਵਾਈ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ।

**4. ਅਸਾਮੀਆਂ ਲਈ ਅਪਲਾਈ ਕਰਨ ਲਈ ਕੈਟਾਗਰੀ ਕੋਡ :-**

| Sr. No. | Category | Code |
|---|---|---|
| 1 | General | 101 |
| 2 | S.C. (Mazhbi & Balmiki) | 102 |
| 3 | S.C. (Ramdasia & Others) | 103 |
| 4 | B.C. (Backward Class) | 104 |
| 5 | Ex. Service Men –General (Self) | 105 |
| 6 | Ex. Service Men –General (Dependent) | 106 |

**5. ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ :-**

**(5.1) ਵਿਭਾਗ ਦਾ ਨਾਮ:-** ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਨਵੀਂ ਦਿੱਲੀ।

(i) ਉਮੀਦਵਾਰਾਂ ਦੀ ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਬੰਧਤ ਵਿਭਾਗ ਤੋਂ ਪ੍ਰਾਪਤ ਮੰਗ ਪੱਤਰ ਦੇ ਪ੍ਰਫੋਰਮੇ ਵਿੱਚ ਹੇਠ ਦਰਸਾਏ ਅਨੁਸਾਰ ਹੈ :-

| ਲੜੀ ਨੰ. | ਅਸਾਮੀ ਦਾ ਨਾਮ | ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ |
|---|---|---|
| 1. | Work Mistry | Should possess I.T.I Certificate in the relevant trade from any Government Institute or equivalent and has got at least two years experience of working as such. |
| 2. | Coupon Clerk | i)Should Possess a Bachelor's degree in Commerce (B.Com) from a recognized University; and<br>ii)Should have passed a computer course of at least one hundred and twenty hours with hands on experience in the use of Personal Computer or information Technology in office productivity applications or Desktop Publishing applications from Government recognized Institution or a reputed Institution, which is I.S.O. 9001 certified.<br>Or<br>Should possess a computer information Technology course equivalent to 'O' level certificate of the Department of Electronics Accreditation of Computer Course (DOEACC) of Government of India;<br>Provided that perference shall be given to the candidates possessing higher qualification in the same field. |
| 3. | Plumber | Should have passed National Trade Certificate/National Apprenticeship Certificate in Plumbing/Fitter/Turner Trade and should have got at least two years experience as plumber. |
| 4. | Carpenter | Should possess a Trade certificate in Carpentry from Industrial Training Institute and has got at least two years experience of working as a Carpenter. |
| 5. | Telephone Operator | i) Should possess a Bachelor's degree from a recognized University;<br>ii)Should possess one year Diploma in Hotel Reception and book keeping from a recognized institute; and<br>iii) Should have passed a computer course of at least one hundred and twenty hours with hands on experience in the use of Personal Computer of Information Technology in office productivity applications or Desktop Publishing applications from Government recognized Institution or a reputed Institution, which is I.S.O. 9001 certified.<br>Or<br>Should possess a Computer Information Technology course equivalent to 'O' level certificate of the Department of Electronics Accreditation of Computer Course (DOEACC) of Government of India:<br>Provided that preference shall be given to the candidates having experience in the same field in Front Office of Hotel Industry or Guest houses etc. |

## (5.2) ਵਿਭਾਗ ਦਾ ਨਾਮ:- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

| ਲੜੀ ਨੰ. | ਅਸਾਮੀ ਦਾ ਨਾਮ | ਵਿਦਿਅਕ ਯੋਗਤਾ |
|---|---|---|
| 1. | **ਲੇਖਾਕਾਰ** | Should be M.Com with 1st division from a recognized University or institution with atleast five years experience in public sector undertaking or a limited company. Provided that preference shall be given to a candidate having knowledge of computer operations data entry and retrieval of information. |

ਨੋਟ :- (I) ਉਪਰ ਦਰਸਾਈਆਂ ਵੱਖ ਵੱਖ ਤਰ੍ਹਾਂ ਦੀਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

"17.Knowledge of Punjabi Language- No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time."

(II) ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ ਸਰਟੀਫਿਕੇਟ ਅਪਲਾਈ ਕਰਨ ਦੀ ਅੰਤਿਮ ਮਿਤੀ ਤੋਂ ਪਹਿਲਾਂ ਦਾ ਜਾਰੀ ਹੋਇਆ ਹੋਣਾ ਜਰੂਰੀ ਹੈ।

## 6. ਉਮਰ ਸੀਮਾ :-

ਉਪਰੋਕਤ ਅਸਾਮੀਆਂ ਲਈ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01-01-2025 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ :-

(I) ਜਨਰਲ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਅਤੇ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(II) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਸੀਮਾ 42 ਸਾਲ ਹੋਵੇਗੀ।

(III) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(IV) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਪਰਲੀ ਉਮਰ ਸੀਮਾ Punjab Recruitment of Ex-servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ

ਉਮਰ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(V) The upper age limit for widows, divorcees and certain other categories of married women as per instructions issued by the Government of Punjab vide Letter No. 1/50/83-5PP(1368)/3454 Dated 23/04/1984 will be relaxed up to 40 years.

ਨੋਟ:- **1. ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**2. ਜਿਹੜੇ ਉਮੀਦਵਾਰਾਂ ਨੇ ਇਸ਼ਤਿਹਾਰ ਨੰ.02/2020 ਰਾਹੀਂ ਉਕਤ ਆਸਾਮੀਆਂ ਲਈ ਅਪਲਾਈ ਕੀਤਾ ਸੀ, ਉਨ੍ਹਾਂ ਉਮੀਦਵਾਰਾਂ ਲਈ ਹੁਣ ਪ੍ਰਕਾਸ਼ਿਤ ਕੀਤੀਆਂ ਗਈਆਂ ਅਸਾਮੀਆਂ ਲਈ ਉਮਰ ਸੀਮਾ ਦੀ ਮਿਤੀ ਪਹਿਲਾਂ ਵਾਲੀ ਹੀ ਭਾਵ 01.01.2020 ਮੰਨੀ ਜਾਵੇਗੀ ਜੋ ਕਿ ਇਸ਼ਤਿਹਾਰ ਨੰ.02/2020 ਵਿੱਚ ਦਰਸਾਈ ਗਈ ਸੀ।**

**3. ਜਿਹੜੇ ਉਮੀਦਵਾਰਾਂ ਨੇ ਇਸ਼ਤਿਹਾਰ ਨੰ.06 ਆਫ 2024 ਲਈ ਲੇਖਾਕਾਰ ਦੀ ਅਸਾਮੀ ਲਈ ਅਤੇ ਇਸ਼ਤਿਹਾਰ ਨੰ. 09 ਆਫ 2024 ਰਾਹੀਂ ਪ੍ਰਕਾਸ਼ਿਤ ਅਸਾਮੀਆਂ ਲਈ ਅਪਲਾਈ ਕੀਤਾ ਸੀ, ਉਨ੍ਹਾਂ ਉਮੀਦਵਾਰਾਂ ਦੀ ਉਮਰ ਸੀਮਾ ਦੀ ਮਿਤੀ ਪਹਿਲਾਂ ਵਾਲੀ ਹੀ ਭਾਵ 01.01.2024 ਮੰਨੀ ਜਾਵੇਗੀ ਜੋ ਕਿ ਸਬੰਧਤ ਇਸ਼ਤਿਹਾਰਾਂ ਵਿੱਚ ਦਰਸਾਈ ਗਈ ਸੀ।**

**4. ਜਿਨ੍ਹਾਂ ਉਮੀਦਵਾਰਾਂ ਦੇ ਇਸ਼ਤਿਹਾਰ ਨੰ.02/2020, 09 ਆਫ 2024 ਅਤੇ 06 ਆਫ 2024 ਲਈ ਪਹਿਲਾਂ ਅਪਲਾਈ ਕੀਤਾ ਸੀ, ਉਨ੍ਹਾਂ ਉਮੀਦਵਾਰਾਂ ਨੂੰ ਪ੍ਰੀਖਿਆ ਫੀਸ ਦੀ ਅਦਾਇਗੀ ਤੋਂ ਵੀ ਛੋਟ ਹੋਵੇਗੀ।**

**5. ਜਿਨ੍ਹਾਂ ਉਮੀਦਵਾਰਾਂ ਵੱਲੋਂ ਪਹਿਲਾਂ ਉਕਤ ਇਸ਼ਤਿਹਾਰਾਂ ਵਿੱਚ ਅਪਲਾਈ ਕੀਤਾ ਗਿਆ ਸੀ, ਪ੍ਰੰਤੂ ਉਮਰ ਸੀਮਾ ਘੱਟ ਹੋਣ ਕਰਕੇ ਉਹ ਯੋਗ ਨਹੀਂ ਸਨ, ਹੁਣ ਉਨ੍ਹਾਂ ਨੂੰ ਫੀਸ ਸਬੰਧੀ ਕੋਈ ਛੋਟ ਨਹੀਂ ਦਿੱਤੀ ਜਾਵੇਗੀ।**

**7. ਤਨਖਾਹ ਸਕੇਲ ਅਤੇ ਭੱਤੇ:-**

**(7.1) ਵਿਭਾਗ ਦਾ ਨਾਮ:- ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਨਵੀਂ ਦਿੱਲੀ।**

| S.No. | Name of Post | Pay level/scale for the members of the service recruited in Government Service on or after 17.07.2020 (in rupees) |
|---|---|---|
| 1. | Work Mistry | 19900-63200 (Level-2) |

| | | |
|---|---|---|
| 2. | Coupon Clerk | 19900-63200 (Level-2) |
| 3. | Plumber | 19900-63200 (Level-2) |
| 4. | Carpenter | 19900-63200 (Level-2) |
| 5. | Telephone Operator | 19900-63200 (Level-2) |

**(7.2) ਵਿਭਾਗ ਦਾ ਨਾਮ:- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ**

| **S.No.** | **Name of Post** | **Pay Level/Scales for the members of the service recruited in Government Service on or after 17.07.2020 (in rupees)** |
|---|---|---|
| 1. | ਲੇਖਾਕਾਰ | 35400-112400 (Level-6) |

ਨੋਟ:- (i) ਤਨਖਾਲ ਸਕੇਲ ਅਤੇ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ) ਦੇ ਪੱਤਰ ਨੰ: 7/204/2012-4FP1/66-72, ਮਿਤੀ 15/01/2015 ਅਤੇ ਪੱਤਰ ਨੰ: 07/204/2015-4FP1/853793 ਮਿਤੀ 04/10/2016 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(ii) The pay level/scales on the pattern of 7th CPC shall be applicable to the member recruited on or after 17.7.2020. Further, such members shall be entitled only for pay level/scales on the pattern of the 7th CPC at the time of promotion also. Pay level/scales of 6th Punjab Pay Commission shall not applicable to such member at the time of promotion.

**8. <u>ਫੀਸ ਸਬੰਧੀ ਵੇਰਵਾ</u>:-**

| | | |
|---|---|---|
| ਆਮ ਵਰਗ (GEN)/ | - | 1000/- ਰੁ: |
| ਐਸ.ਸੀ.(SC)/ਬੀ.ਸੀ.(BC) | - | 250/- ਰੁ: |
| ਸਾਬਕਾ ਫੌਜੀ ਅਤੇ ਆਸ਼ਰਿਤ (Ex-servicemen Self & Dependent) | - | 200/- ਰੁ: |

**ਨੋਟ: ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਹੋਵੇਗੀ।**

**9. <u>Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ</u>:-**

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence ਅਪਲੋਡ/ਪੇਸ਼ ਕਰੇਗਾ।) (ਇਹ ਸਰਟੀਫਿਕੇਟ ਹਰ

ਉਮੀਦਵਾਰ (ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਕੈਟਾਗਰੀ ਨਾਲ ਸੰਬੰਧ ਰੱਖਦਾ ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(IV) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(V) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(VI) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second provision."

**10. <u>ਇਸ਼ਤਿਹਾਰ ਨੰ. 02 ਆਫ 2020 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼</u>:-**

**ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਜਾਰੀ ਜਨਤਕ ਨੋਟਿਸ ਮਿਤੀ 26.05.2023 ਸਬੰਧੀ ਅਤੇ ਸਬੰਧਤ ਵਿਭਾਗ ਤੋਂ ਪ੍ਰਾਪਤ ਸ਼੍ਰੇਣੀਵਾਰ ਆਸਾਮੀਆਂ ਦੇ ਵਰਗੀਕਰਨ ਅਨੁਸਾਰ, ਹੁਣ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਜਿਨ੍ਹਾਂ ਉਮੀਦਵਾਰਾਂ ਨੇ ਪਹਿਲਾਂ ਹੀ ਇਸ਼ਤਿਹਾਰ ਨੰ. 02 ਆਫ 2020 ਰਾਹੀਂ ਪ੍ਰਕਾਸ਼ਿਤ ਆਸਾਮੀਆਂ ਵਿੱਚ ਆਨਲਾਈਨ ਬਿਨੈ-ਫਾਰਮ submit ਕੀਤਾ ਹੋਇਆ ਹੈ ਅਤੇ ਆਨਲਾਈਨ ਫੀਸ ਦਾ ਭੁਗਤਾਨ ਵੀ ਕੀਤਾ ਹੈ ਤੇ ਹੁਣ**

ਉਹ ਆਸਾਮੀਆਂ ਪ੍ਰਕਾਸ਼ਿਤ ਹਨ ਨੂੰ ਹੇਠ ਦਰਸਾਈਆਂ ਹਦਾਇਤਾਂ ਅਨੁਸਾਰ ਮੁੜ ਆਪਣਾ ਆਨਲਾਈਨ ਐਲੀਕਸ਼ੇਨ ਫਾਰਮ submit ਕਰਨਾ ਹੋਵੇਗਾ:-

(i) ਉਮੀਦਵਾਰ ਨੂੰ ਪਹਿਲਾਂ ਦਿੱਤੇ ਯੂਜ਼ਰ ਆਈ.ਡੀ. ਅਤੇ ਪਾਸਵਰਡ ਨਾਲ login ਕਰਨਗੇ (ਦੁਬਾਰਾ ਰਜਿਸਟਰ ਕਰਨ ਦੀ ਕੋਈ ਲੋੜ ਨਹੀਂ ਹੈ)।

(ii) ਉਮੀਦਵਾਰਾਂ ਵੱਲੋਂ ਪਹਿਲਾਂ ਦਾਖਲ ਕੀਤੇ ਗਏ ਵੇਰਵਿਆਂ ਅਨੁਸਾਰ ਅਪਡੇਟ ਕੀਤੀ ਜਾਣ ਵਾਲੀ ਜਾਣਕਾਰੀ display ਹੋਵੇਗੀ ਅਤੇ ਉਮੀਦਵਾਰ ਫਾਰਮ ਨੂੰ ਬਿਨ੍ਹਾਂ ਫੀਸ ਅਦਾ ਕੀਤੇ ਸਬਮਿਟ ਕਰਨਗੇ। ਜਿਹੜੇ ਉਮੀਦਵਾਰਾਂ ਵੱਲੋਂ ਇਹ ਫਾਰਮ ਸਬਮਿਟ ਨਹੀਂ ਕੀਤਾ ਜਾਵੇਗਾ, ਉਨ੍ਹਾਂ ਦਾ ਇਸ ਇਸ਼ਤਿਹਾਰ ਰਾਹੀਂ ਪ੍ਰਕਾਸ਼ਿਤ ਆਸਾਮੀਆਂ ਲਈ ਕੋਈ ਕਲੇਮ ਨਹੀਂ ਹੋਵੇਗਾ।

(iii) ਉਮੀਦਵਾਰ ਆਪਣੇ ਆਨਲਾਈਨ ਫਾਰਮ ਵਿੱਚ ਸੋਧ ਕਰ ਸਕਦੇ ਹਨ।

(iv) ਜਿਹੜੇ ਉਮੀਦਵਾਰਾਂ ਨੇ ਕੂਪਨ ਕਲਰਕ, ਵਰਕ ਮਿਸਤਰੀ, ਪਲੰਬਰ, ਕਾਰਪੈਂਟਰ ਦੀਆਂ ਆਸਾਮੀਆਂ ਲਈ ਜਨਰਲ ਸ਼੍ਰੇਣੀ ਦੀ ਕੈਟਾਗਰੀ ਵਿੱਚ ਅਪਲਾਈ ਕੀਤਾ ਸੀ, ਪ੍ਰੰਤੂ ਹੁਣ ਉਹ ਆਸਾਮੀਆਂ ਕੇਵਲ SC (M&B) ਕੈਟਾਗਰੀ ਲਈ ਪ੍ਰਕਾਸ਼ਿਤ ਹਨ। ਜੇਕਰ ਉਹੋ SC (M&B) ਦੀ ਸ਼੍ਰੇਣੀ (ਕੈਟਾਗਰੀ ਕੋਡ 102) ਨਾਲ ਸਬੰਧ ਰੱਖਦੇ ਹਨ ਤਾਂ ਉਹੋ ਆਪਣੀ ਸ਼੍ਰੇਣੀ ਅਪਡੇਟ ਕਰ ਸਕਦੇ ਹਨ।

(v) ਜਿਹੜੇ ਉਮੀਦਵਾਰਾਂ ਦੇ ਟੈਲੀਫੋਨ ਓਪਰੇਟਰ ਦੀ ਆਸਾਮੀ ਲਈ EWS ਕੈਟਾਗਰੀ ਵਿੱਚ ਅਪਲਾਈ ਕੀਤਾ ਸੀ, ਉਹੋ ਸ਼੍ਰੇਣੀ ਨੂੰ ਅਪਡੇਟ ਕਰਦੇ ਹੋਏ ਜਨਰਲ ਸ਼੍ਰੇਣੀ (ਕੈਟਾਗਰੀ ਕੋਡ 101) ਕਰ ਸਕਦੇ ਹਨ।

**11.** **<u>ਇਸ਼ਤਿਹਾਰ ਨੰ. 06 ਆਫ 2024 ਅਤੇ ਇਸ਼ਤਿਹਾਰ ਨੰ. 09 ਆਫ 2024 ਵਿੱਚ ਪਹਿਲਾਂ ਤੋਂ ਆਨਲਾਈਨ ਅਪਲਾਈ ਕਰਨ ਵਾਲੇ ਉਮੀਦਵਾਰਾਂ ਸਬੰਧੀ ਗਾਈਡਲਾਈਨਜ਼</u>:-**

ਜਿਨ੍ਹਾਂ ਉਮੀਦਵਾਰਾਂ ਨੇ ਪਹਿਲਾਂ ਹੀ ਇਸ਼ਤਿਹਾਰ ਨੰ. 06 ਆਫ 2024 ਅਤੇ ਇਸ਼ਤਿਹਾਰ ਨੰ. 09 ਆਫ 2024 ਰਾਹੀਂ ਪ੍ਰਕਾਸ਼ਿਤ ਆਸਾਮੀਆਂ ਵਿੱਚ ਆਨਲਾਈਨ ਬਿਨੈ-ਫਾਰਮ submit ਕੀਤਾ ਹੋਇਆ ਹੈ ਅਤੇ ਪ੍ਰੀਖਿਆ ਫੀਸ ਦਾ ਭੁਗਤਾਨ ਵੀ ਕੀਤਾ ਹੈ, ਉਨ੍ਹਾਂ ਉਮੀਦਵਾਰਾਂ ਨੂੰ ਹੇਠ ਦਰਸਾਈਆਂ ਹਦਾਇਤਾਂ ਅਨੁਸਾਰ ਮੁੜ ਆਪਣਾ ਆਨਲਾਈਨ ਐਲੀਕਸ਼ੇਨ ਫਾਰਮ submit ਕਰਨਾ ਹੋਵੇਗਾ:-

(i) ਉਮੀਦਵਾਰ ਪਹਿਲਾਂ ਦਿੱਤੇ ਯੂਜ਼ਰ ਆਈ.ਡੀ. ਅਤੇ ਪਾਸਵਰਡ ਨਾਲ login ਕਰਨਗੇ (ਦੁਬਾਰਾ ਰਜਿਸਟਰ ਕਰਨ ਦੀ ਕੋਈ ਲੋੜ ਨਹੀਂ ਹੈ)।

(ii) ਉਮੀਦਵਾਰਾਂ ਵੱਲੋਂ ਪਹਿਲਾਂ ਦਾਖਲ ਕੀਤੇ ਗਏ ਵੇਰਵਿਆਂ ਅਨੁਸਾਰ ਅਪਡੇਟ ਕੀਤੀ ਜਾਣ ਵਾਲੀ ਜਾਣਕਾਰੀ display ਹੋਵੇਗੀ ਅਤੇ ਉਮੀਦਵਾਰ ਫਾਰਮ ਨੂੰ ਬਿਨ੍ਹਾਂ ਫੀਸ ਅਦਾ ਕੀਤੇ ਸਬਮਿਟ ਕਰਨਗੇ। ਜਿਹੜੇ ਉਮੀਦਵਾਰਾਂ ਵੱਲੋਂ ਇਹ ਫਾਰਮ ਸਬਮਿਟ ਨਹੀਂ ਕੀਤਾ ਜਾਵੇਗਾ, ਉਨ੍ਹਾਂ ਦਾ ਇਸ ਇਸ਼ਤਿਹਾਰ ਰਾਹੀਂ ਪ੍ਰਕਾਸ਼ਿਤ ਆਸਾਮੀਆਂ ਲਈ ਕੋਈ ਕਲੇਮ ਨਹੀਂ ਹੋਵੇਗਾ।

(iii) ਉਮੀਦਵਾਰ ਆਪਣੇ ਆਨਲਾਈਨ ਫਾਰਮ ਵਿੱਚ ਸੋਧ ਕਰ ਸਕਦੇ ਹਨ।

**12. <u>ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ</u>:-**

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।

2. ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮਿਤੀ 28.10.2022 ਰਾਹੀਂ ਜਾਰੀ ਹਦਾਇਤਾਂ ਅਨੁਸਾਰ ਉਮੀਦਵਾਰਾਂ ਨੂੰ ਦਸਵੀਂ ਪੱਧਰ ਦੇ ਪੰਜਾਬੀ ਵਿਸ਼ੇ ਦੀ ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਲਈ ਜਾਣ ਵਾਲੀ ਲਿਖਤੀ ਪ੍ਰੀਖਿਆ ਵਿੱਚੋਂ 50% ਅੰਕ ਪ੍ਰਾਪਤ ਕਰਨੇ ਲਾਜ਼ਮੀ ਹਨ। ਇਹ ਪ੍ਰੀਖਿਆ qualifying nature ਦੀ ਹੋਵੇਗੀ।

3. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

4. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਿਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

**13. <u>ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ</u>:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(VIII) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

**14. <u>ਅਪਲਾਈ ਕਰਨ ਦੀ ਵਿਧੀ</u>:**

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ **23-07-2025 ਤੋਂ 19-08-2025** ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ "Instructions for applying online" ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application --Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ **22.08.2025** ਹੋਵੇਗੀ। ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ "Proceed to Fee Payment" ਤੇ ਕਲਿਕ ਕਰਕੇ ਅਪਣੀ ਫੀਸ ਪੇ ਕਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ 2 ਦਿਨ ਬਾਅਦ ਫੀਸ ਅਦਾ ਕਰਨ ਦੀ ਆਖਰੀ **ਮਿਤੀ 22.08.2025**, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Challan/Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

15. <u>ਬਿਨੈਕਾਰਾਂ ਦੇ ਧਿਆਨ ਹਿਤ ਜ਼ਰੂਰੀ ਹਦਾਇਤਾਂ</u>:

(ੳ) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(ਅ) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(ੲ) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(ਸ) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਂਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(ਹ) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਤੇ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(ਕ) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(ਖ) ਲਿਖਤੀ ਪ੍ਰੀਖਿਆ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(ਗ) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸ਼ਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(ਘ) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

ਸਹੀ/-

**ਸਥਾਨ**: **ਐਸ.ਏ.ਐਸ. ਨਗਰ** — **ਸਹਾਇਕ ਡਾਇਰੈਕਟਰ**

**ਮਿਤੀ**:**21.07.2025** — **ਅਧੀਨ ਸੇਵਾਵਾਂ ਚੋਣ ਬੋਰਡ**, **ਪੰਜਾਬ**